# ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ,ਪੰਜਾਬ।

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ੍ਹ ਈ-ਮੇਲ: aspdtb123@gmail.com

(ਵੈਬ-ਸਾਈਟ ਰਾਹੀਂ)

ਵੱਲ: ਸਮੂਹ ਮੰਡਲ ਸਿੱਖਿਆ ਅਫਸਰ ਪੰਜਾਬ।
ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ) ਅਤੇ (ਸੈ.ਸਿ), ਪੰਜਾਬ।
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।

ਮੀਮੋ ਨੰ:9/5-2013/SSA/FTB/5793
ਮਿਤੀ, ਚੰਡੀਗੜ੍ਹ:21-03-2013

**ਵਿਸ਼ਾ: ਸਾਲ 2013-14 ਦੌਰਾਨ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਵਿਦਿਆਰਥੀਆਂ ਨੂੰ ਕਿਤਾਬਾਂ ਮੁਹੱਈਆ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਕ੍ਰਿਪਾਲਤਾ ਕਰੋ ਜੀ।

2.0 ਇਸ ਪੱਤਰ ਰਾਹੀਂ ਆਪ ਦੇ ਧਿਆਨ ਵਿੱਚ ਲਿਆਇਆ ਜਾਂਦਾ ਹੈ ਕਿ ਵਿੱਦਿਅਕ ਸਾਲ 2013-14 ਲਈ ਪਹਿਲੀ ਤੋਂ ਬਾਹਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਪਾਠ ਪੁਸਤਕਾਂ ਮੁਫ਼ਤ ਮੁਹੱਈਆ ਕਰਵਾਈਆਂ ਜਾਣੀਆਂ ਹਨ, ਜਿਸ ਦੀ ਪਹਿਲੀ ਕੜੀ ਵਜੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਿਤੀ 20-03-2013 ਤੋਂ ਬਲਾਕ ਪੱਧਰ ਤੱਕ ਕਿਤਾਬਾਂ ਦੀ ਪਹੁੰਚ ਸ਼ੁਰੂ ਕਰ ਦਿੱਤੀ ਗਈ ਹੈ।

3.0 ਇਸ ਵਡਮੁੱਲੇ ਕਾਰਜ ਨੂੰ ਨੇਪਰੇ ਚਾੜ੍ਹਨ ਹਿੱਤ ਸਰਵ ਸਿੱਖਿਆ ਅਭਿਆਨ ਅਥਾਰਿਟੀ,ਪੰਜਾਬ ਸਕੂਲ ਸਿੱਖਿਆ ਬੋਰਡ ਅਤੇ ਭਲਾਈ ਵਿਭਾਗ ਵੱਲੋਂ ਮਿਤੀ 19-03-2013 ਨੂੰ ਬੋਰਡ ਦੇ ਆਡੀਟੋਰੀਅਮ ਵਿਖੇ ਸਮੂਹ ਜ਼ਿਲ੍ਹਾ ਡਿੱਪੂ ਮੈਨੇਜ਼ਰ, ਜ਼ਿਲ੍ਹਾ ਭਲਾਈ ਅਫ਼ਸਰ ਅਤੇ ਜ਼ਿਲ੍ਹਾ ਕੋਆਰਡੀਨੇਟਰਜ਼ (ਟੈਕ.ਬੁਕਸ) ਦੀ ਇੱਕ ਸਾਂਝੀ ਮੀਟਿੰਗ ਬੁਲਾਈ ਗਈ ਸੀ, ਜਿਸ ਵਿੱਚ ਸਾਰੇ ਵਿਭਾਗਾਂ ਦੇ ਉੱਚ-ਅਧਿਕਾਰੀਆਂ ਅਤੇ ਜ਼ਿਲ੍ਹਾ ਅਧਿਕਾਰੀਆਂ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਵਾਅਦਾ ਕੀਤਾ ਗਿਆ ਸੀ।

4.0 ਇਸ ਲਈ ਬਲਾਕ ਪੱਧਰ ਤੋਂ ਸਕੂਲ ਪੱਧਰ ਤੱਕ ਕਿਤਾਬਾਂ ਦੀ ਪਹੁੰਚ ਯਕੀਨੀ ਬਣਾਉਣ ਲਈ ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ), (ਸੈ.ਸਿ) ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਆਪਣੇ ਸਮੁੱਚੇ ਅਮਲੇ ਸਮੇਤ ਹਰ ਹਾਲਤ ਵਿੱਚ ਸਹਿਯੋਗ ਕਰਨਗੇ।ਕਿਉਂਕਿ ਸਿੱਖਿਆ ਵਿਭਾਗ ਵੱਲੋਂ ਮਿਤੀ 30-03-2013 ਮਾਪੇ ਅਧਿਆਪਕ ਮਿਲਣੀ ਨਿਸਚਿਤ ਕੀਤੀ ਗਈ ਹੈ ਇਸ ਲਈ ਮਿਤੀ 30-03-2013 ਤੱਕ ਹਰ ਸਕੂਲ ਵਿੱਚ ਵਿਦਿਆਰਥੀਆਂ ਨੂੰ ਅਗਲੀ ਜਮਾਤ ਦੀਆਂ ਕਿਤਾਬਾਂ ਵੰਡਣ ਦਾ ਟੀਚਾ ਮਿਥਿਆ ਗਿਆ ਹੈ।

5.0 ਜ਼ਿਲ੍ਹਾ ਕੋਆਰਡੀਨੇਟਰਜ਼ (ਟੈਕ.ਬੁਕਸ) ਸਕੂਲ ਪੱਧਰ ਤੱਕ ਕਿਤਾਬਾਂ ਦੀ ਵੰਡ ਦੇ ਕਾਮ-ਕਾਜ ਨੂੰ ਸੁਚਾਰੂ ਢੰਗ ਨਾਲ ਪੂਰਾ ਕਰਨ ਲਈ ਸਮੁੱਚੇ ਜ਼ਿਲ੍ਹੇ ਦੇ ਸਕੂਲਾਂ ਵਿੱਚ ਵਿਜ਼ਿਟ ਕਰਨਗੇ ਅਤੇ ਰੋਜ਼ਾਨਾ ਦੀ ਕਾਰਗੁਜ਼ਾਰੀ ਰਿਪੋਰਟ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਐ.ਸਿ) ਅਤੇ ਮੁੱਖ ਦਫ਼ਤਰ ਨੂੰ ਕਰਨਗੇ।ਕਿਤਾਬਾਂ ਦੀ ਸਮੁੱਚੀ ਵੰਡ ਦੌਰਾਨ ਜ਼ਿਲ੍ਹਾ ਕੋਆਰਡੀਨੇਟਰਜ਼ (ਟੈਕ.ਬੁਕਸ) ਨੂੰ ਹੇਠ ਲਿਖੇ ਅਨੁਸਾਰ ਸੁਵਿਧਾ ਦਿੱਤੀ ਜਾਵੇਗੀ:

ੳ) ਜ਼ਿਲ੍ਹਾ ਕੋਆਰਡੀਨੇਟਰਜ਼ (ਟੈਕ.ਬੁਕਸ) ਨੂੰ ਕਿਤਾਬਾਂ ਦੀ ਵੰਡ ਦੇ ਸਮੇ ਦੌਰਾਨ ਭਾਵ 20 ਮਾਰਚ ਤੋਂ ਮਈ 2013 ਤੱਕ ਆਪਣੀ ਨਿੱਜੀ ਕਾਰ ਜਾਂ ਟੈਕਸੀ ਰਾਹੀਂ ਸਫ਼ਰ ਕਰਨ ਦੀ ਸਹੂਲਤ ਦਿੱਤੀ ਜਾਵੇਗੀ।

ਅ) ਇਹਨਾਂ ਦਿਨਾਂ ਦੌਰਾਨ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ) ਵੱਲੋ ਜ਼ਿਲ੍ਹਾ ਕੋਆਰਡੀਨੇਟਰਜ਼ (ਟੈਕ. ਬੁਕਸ) ਦੀ ਮੱਦਦ ਲਈ ਆਰਜੀ ਤੌਰ 'ਤੇ ਆਪਣੇ ਦਫ਼ਤਰ ਜਾਂ ਕਿਸੇ ਸਕੂਲ ਵਿੱਚੋਂ ਹੀ ਇਕ ਸਹਾਇਕ (Assistant Co-ordinator) ਨਿਯੁਕਤ ਕੀਤਾ ਜਾਵੇਗਾ।

6.0 ਉਕਤ ਦਿਸ਼ਾ-ਨਿਰਦੇਸ਼ਾਂ ਦੀ ਵੇਲੇ ਸਿਰ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਡੀ.ਜੀ.ਐਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ**

ਪਿਠ ਅੰਕਣ ਨੰ:-ਉਕਤ-
ਮਿਤੀ,ਚੰਡੀਗੜ੍ਹ:21-03-2013

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1.0 ਚੇਅਰਪਰਸਨ, ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
2.0 ਡਾਇਰੈਕਟਰ, ਭਲਾਈ ਵਿਭਾਗ,ਪੰਜਾਬ ਸਰਕਾਰ।

-ਸਹੀ-

**ਡੀ.ਜੀ.ਐਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ**